ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਕਰੋਨਾ ਸੰਕਟ ਦੌਰਾਨ ਤਨਦੇਹੀ ਨਾਲ ਜੁਟਿਆ ਹੋਇਆ ਹੈ ਸਿਹਤ ਵਿਭਾਗ: ਸਿਵਲ ਸਰਜਨ *ਕਰਫਿਊ ਦੌਰਾਨ ਜ਼ਿਲ੍ਹੇ ਵਿਚ 16670 ਮਰੀਜ਼ਾਂ ਦੀ ਓ.ਪੀ.ਡੀ. ਤੇ 1643 ਮਰੀਜ਼ਾਂ ਦੀ ਆਈ.ਪੀ.ਡੀ, 32325 ਮਰੀਜ਼ਾਂ ਦੇ ਹੋਏ ਲੈਬ ਟੈਸਟ

ਬਰਨਾਲਾ, 23 ਅਪਰੈਲ
ਸਿਹਤ ਵਿਭਾਗ ਬਰਨਾਲਾ ਵੱਲੋਂ ਨਿਰਵਿਘਨ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਬਰਨਾਲਾ ਵੱਲੋਂ ਜ਼ਿਲ੍ਹੇ ਵਿਚ ਕਰਫਿਊ ਦੌਰਾਨ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਜ਼ਿਲੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਬਲਾਕ ਪੱਧਰ ਤੱਕ (ਜ਼ਿਲਾ ਹਸਪਤਾਲ, ਸਬ ਡਵੀਜ਼ਨ ਹਸਪਤਾਲ, ਸਬ ਸੈਂਟਰ, ਕਮਿਊਨਟੀ ਹੈਲਥ ਸੈਂਟਰ, ਪ੍ਰਾਇਮਰੀ ਹੈਲਥ ਸੈਂਟਰ, ਹੈਲਥ ਐਂਡ ਵੈਲਨੈਸ ਸੈਂਟਰਸ) ਦੇ ਸਟਾਫ ਵੱਲੋਂ ਤਨਦੇਹੀ ਨਾਲ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।
ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਮਿਤੀ 22 ਮਾਰਚ ਤੋਂ 22 ਅਪ੍ਰੈਲ ਦੌਰਾਨ ਸਿਹਤ ਵਿਭਾਗ ਵੱਲੋਂ ਆਪਣੀਆਂ ਹੁਣ ਤਕ ਕੁੱਲ 16670 ਮਰੀਜ਼ਾਂ ਦੀ ਓ.ਪੀ.ਡੀ., 1643 ਮਰੀਜ਼ਾਂ ਦੀ ਆਈ.ਪੀ.ਡੀ., 324 ਜਣੇਪਾ (ਡਲਿਵਰੀ ਕੇਸ), 32325 ਮਰੀਜ਼ਾਂ ਦੇ ਲੈਬ ਟੈਸਟ, 1290 ਮਰੀਜ਼ਾਂ ਦੇ ਐਕਸ-ਰੇਅ, 657 ਮਰੀਜ਼ਾਂ ਦੇ ਅਲਟਰਾਸਾਊਂਡ, 295 ਮਰੀਜ਼ਾਂ ਦੀ ਸਰਜਰੀ ਕੀਤੀ ਗਈ।
ਡਾ. ਜੀ ਬੀ ਸਿੰਘ ਨੇ ਦੱਸਿਆ ਕਿ ਇਨ੍ਹਾਂ ਵਿੱਚੋਂ ਸਿਵਲ ਹਸਪਤਾਲ ਬਰਨਾਲਾ ਵਿਖੇ ਗਾਇਨੀ ਦੇ ਡਾਕਟਰ ਡਾ. ਈਸ਼ਾ ਗੁਪਤਾ ਅਤੇ ਡਾ. ਹਿਮਾਨੀ ਸ਼ਰਮਾ ਵੱਲੋਂ 225 ਜਣੇਪਾ ਕੇਸ (ਡਲਿਵਰੀ ਕੇਸ) ਡੀਲ ਕੀਤੇ ਗਏ। ਕਰਫਿਊ ਦੌਰਾਨ ਸਿਵਲ ਹਸਪਤਾਲ ਬਰਨਾਲਾ ਵਿਖੇ 6139 ਮਰੀਜ਼ਾਂ ਦੀ ਓ.ਪੀ.ਡੀ., 1216 ਮਰੀਜ਼ਾਂ ਦੀ ਆਈ.ਪੀ.ਡੀ., 99 ਮਰੀਜ਼ਾਂ ਦੀ ਵੱਡੀ ਸਰਜਰੀ, 152 ਮਰੀਜ਼ਾਂ ਦੀ ਛੋਟੀ ਸਰਜਰੀ, 22276 ਲੈਬ ਟੈਸਟ, 756 ਐਕਸ-ਰੇਅ, 657 ਅਲਟਰਾਸਾਊਂਡ ਕੀਤੇ ਗਏ।
ਇਸੇ ਤਰ੍ਹਾਂ ਸਬ ਡਵੀਜ਼ਨਲ ਹਸਪਤਾਲ ਬਰਨਾਲਾ ਵਿਖੇ ਵਿੱਚ 2737 ਮਰੀਜ਼ਾਂ ਦੀ ਓ.ਪੀ.ਡੀ., 219 ਮਰੀਜਾਂ ਦੀ ਆਈ.ਪੀ.ਡੀ., 52 ਜਣੇਪਾ (ਡਲਿਵਰੀ ਕੇਸ), 5950 ਮਰੀਜ਼ਾਂ ਦੇ ਲੈਬ ਟੈਸਟ, 353 ਮਰੀਜ਼ਾਂ ਦੇ ਐਕਸ-ਰੇ, 35 ਮਰੀਜ਼ਾਂ ਦੀ ਸਰਜਰੀ, ਕਮਿਊਨਟੀ ਹੈਲਥ ਸੈਂਟਰ ਧਨੌਲਾ ਵਿਖੇ 2595 ਮਰੀਜ਼ਾਂ ਦੀ ਓ.ਪੀ.ਡੀ., 111 ਮਰੀਜ਼ਾਂ ਦੀ ਆਈ.ਪੀ.ਡੀ., 34 ਜਣੇਪਾ (ਡਲਿਵਰੀ ਕੇਸ), 1319 ਮਰੀਜ਼ਾਂ ਦੇ ਲੈਬ ਟੈਸਟ, 128 ਮਰੀਜ਼ਾਂ ਦੇ ਐਕਸ-ਰੇ ਕਮਿਊਨਟੀ ਹੈਲਥ ਸੈਂਟਰ ਮਹਿਲ ਕਲਾਂ ਵਿਖੇ 1292 ਮਰੀਜ਼ਾਂ ਦੀ ਓ.ਪੀ.ਡੀ., 53 ਮਰੀਜਾਂ ਦੀ ਆਈ.ਪੀ.ਡੀ., 8 ਜਣੇਪਾ (ਡਲਿਵਰੀ ਕੇਸ), 992 ਮਰੀਜ਼ਾਂ ਦੇ ਲੈਬ ਟੈਸਟ, 8 ਮਰੀਜਾਂ ਦੀ ਛੋਟੀ ਵੱਡੀ ਸਰਜਰੀ, ਕਮਿਊਨਟੀ ਹੈਲਥ ਸੈਂਟਰ ਭਦੌੜ ਵਿਖੇ 3426 ਮਰੀਜ਼ਾਂ ਦੀ ਓ.ਪੀ.ਡੀ., 30 ਮਰੀਜ਼ਾਂ ਦੀ ਆਈ.ਪੀ.ਡੀ., 5 ਜਣੇਪਾ (ਡਲਿਵਰੀ ਕੇਸ), 1004 ਮਰੀਜਾਂ ਦੇ ਲੈਬ ਟੈਸਟ, 53 ਮਰੀਜ਼ਾਂ ਦੇ ਐਕਸ-ਰੇ, 6 ਮਰੀਜ਼ਾਂ ਦੀ ਛੋਟੀ ਵੱਡੀ ਸਰਜਰੀ ਅਤੇ ਕਮਿਊਨਟੀ ਹੈਲਥ ਸੈਂਟਰ ਚੰਨਣਵਾਲ ਵਿਖੇ 481 ਮਰੀਜ਼ਾਂ ਦੀ ਓ.ਪੀ.ਡੀ., 14 ਮਰੀਜ਼ਾਂ ਦੀ ਆਈ.ਪੀ.ਡੀ., 750 ਮਰੀਜ਼ਾਂ ਦੇ ਲੈਬ ਟੈਸਟ, ਕੀਤੇ ਗਏ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਐਮ.ਡੀ ਮਾਰਕਫੈਡ ਵੱਲੋਂ ਜ਼ਿਲ੍ਹਾ ਬਰਨਾਲਾ 'ਚ ਕਣਕ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ
* ਕਿਸਾਨਾਂ ਨੂੰ ਮੰਡੀਆਂ ਵਿਚ ਸੁੱਕੀ ਫਸਲ ਲਿਆਉਣ ਤੇ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਦੀ ਅਪੀਲ

ਬਰਨਾਲਾ, **23** ਅਪਰੈਲ:
ਮਾਰਕਫੈਡ ਦੇ ਐਮਡੀ ਸ੍ਰੀ ਵਰੁਣ ਰੂਜਮ ਨੇ ਅੱਜ ਜ਼ਿਲ੍ਹਾ ਬਰਨਾਲਾ ਵਿਚ ਅਨਾਜ ਮੰਡੀਆਂ ਵਿੱਚ ਕੋਵਿਡ**-19** ਤੋਂ ਬਚਾਅ ਲਈ ਵਰਤੀਆਂ ਜਾ ਰਹੀਆਂ ਸਾਵਧਾਨੀਆਂ ਅਤੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਬਰਨਾਲਾ ਅਤੇ ਧਨੌਲਾ ਅਨਾਜ ਮੰਡੀਆਂ ਦਾ ਦੌਰਾ ਕੀਤਾ।
ਸ੍ਰੀ ਵਰੁਣ ਰੂਜਮ ਨੇ ਕਿਹਾ ਕਿ ਕਿਸਾਨਾਂ ਲਈ ਹਰੇਕ ਕਿਸਮ ਦੀਆਂ ਸੁਵਿਧਾਵਾਂ ਯਕੀਨੀ ਬਣਾਉਂਦੇ ਹੋਏ ਸਰਕਾਰ ਦੁਆਰਾ ਕੋਵਿਡ ਲਈ ਨਿਰਧਾਰਿਤ ਨਿਯਮਾਂ ਦੀ ਵੀ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਮੰਡੀਆਂ ਵਿੱਚ ਆਉਣ ਵਾਲੇ ਹਰੇਕ ਵਰਗ ਨੂੰ ਸਮਾਜਿਕ ਦੂਰੀ, ਮਾਸਕ, ਸੈਨੇਟਾਈਜ਼ਰ, ਸਾਫ਼ ਸਫ਼ਾਈ ਲਈ ਲਗਾਤਾਰ ਪ੍ਰੇਰਿਤ ਕੀਤਾ ਜਾਵੇ ਅਤੇ ਕਿਸੇ ਵੀ ਕਿਸਮ ਦੇ ਇਕੱਠ ਤੋਂ ਪੂਰੀ ਤਰ੍ਹਾਂ ਬਚਿਆ ਜਾਵੇ। ਮੰਡੀਆਂ ਵਿਚ ਸੁੱਕੀ ਫਸਲ ਹੀ ਲਿਆਂਦੀ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਸ੍ਰੀ ਰੂਜਮ ਨੂੰ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਖਰੀਦ ਪ੍ਰਕਿਰਿਆ ਅਤੇ ਕੋਵਿਡ **19** ਦੇ ਮੱਦੇਨਜ਼ਰ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਦੱਸਿਆ।
ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਬੀਤੀ ਸ਼ਾਮ ਤੱਕ **159829** ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿਚੋਂ **142695** ਮੀਟ੍ਰਿਕ ਟਨ ਦੀ ਖਰੀਦ ਹੋ ਚੁੱਕੀ ਹੈ ਤੇ ਲਿਫਟਿੰਗ ਵੀ ਨਾਲੋ ਨਾਲ ਜਾਰੀ ਹੈ। ਇਸ ਮੌਕੇ ਜ਼ਿਲ੍ਹਾ ਮੰਡੀ ਅਫਸਰ ਜਸਪਾਲ ਸਿੰਘ ਤੇ ਫੂਡ ਸਪਲਾਈ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਐਸਡੀਐਮ ਵੱਲੋਂ ਸਫਾਈ ਸੇਵਕਾਂ ਦੀਆਂ ਸੇਵਾਵਾਂ ਦੀ ਸ਼ਲਾਘਾ
 *   ਨਗਰ ਕੌਂਸਲ ਵਿਖੇ ਕੰਮਕਾਜ ਦਾ ਕੀਤਾ ਨਿਰੀਖਣ
ਬਰਨਾਲਾ, 23 ਅਪਰੈਲ
ਉਪ ਮੰਡਲ ਮੈਜਿਸਟ੍ਰੇਟ ਬਰਨਾਲਾ ਅਨਮੋਲ ਸਿੰਘ ਧਾਲੀਵਾਲ ਵੱਲੋਂ ਨਗਰ ਕੌਂਸਲ ਵਿਖੇ ਵਿਭਾਗੀ ਕੰਮ-ਕਾਜ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਸਫਾਈ ਸ਼ਾਖਾ ਦੇ ਮੁਲਾਜ਼ਮਾਂ ਨਾਲ ਵੀ ਗੱਲਬਾਤ ਕੀਤੀ ਤਾਂ ਜੋ ਕਰੋਨਾ ਵਾਇਰਸ ਦੇ ਮੱਦੇਨਜ਼ਰ ਜੁਟੇ ਯੋਧਿਆਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਈਓ ਬਰਨਾਲਾ ਮਨਪ੍ਰੀਤ ਸਿੰਘ ਸਿੱਧੂ, ਸੈਨੇਟਰੀ ਇੰਸਪੈਕਟਰ ਅੰਕੁਸ਼ ਸਿੰਗਲਾ ਤੇ ਸੀਐੱਫ ਪਾਰੁਲ ਗਰਗ ਵੀ ਹਾਜ਼ਰ ਸਨ।
ਇਸ ਮੌਕੇ ਸ. ਧਾਲੀਵਾਲ ਨੇ ਸਫਾਈ ਸੇਵਕਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਫਾਈ ਕਰਮਚਾਰੀ ਇਸ ਮਹਾਂਮਾਰੀ ਖਿਲਾਫ ਲੜਾਈ ’ਚ ਬਹੁਤ ਵੱਡਾ ਯੋਗਦਾਨ ਪਾ ਰਹੇ ਹਨ। ਉਨ੍ਹਾਂ ਨਾਲ ਹੀ ਸਫਾਈ ਸੇਵਕਾਂ ਨੂੰ ਸਰਕਾਰੀ ਹਦਾਇਤਾਂ ਦੀ ਪਾਲਣਾ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਵੀ ਹੁਣ ਤੋਂ ਸਫਾਈ ਕਾਮਿਆਂ ਨੂੰ ਵੱਧ ਸਾਬਣਾਂ ਮਿਲਿਆ ਕਰਨਗੀਆਂ ਤਾਂ ਜੋ ਸਫਾਈ ਸੇਵਕ ਵੀ ਆਪਣੀ ਸਾਫ-ਸਫਾਈ ਦਾ ਪੂਰਾ ਧਿਆਨ ਰੱਖ ਸਕਣ ।
ਇਸ ਮੌਕੇ ਸ. ਧਾਲੀਵਾਲ ਨੇ ਕਿਹਾ ਕਿ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖੋ ਵੱਖ ਇਕੱਠਾ ਕੀਤਾ ਜਾਵੇ ਅਤੇ ਕੂੜਾ ਲੈ ਕੇ ਜਾਣ ਵਾਲਿਆਂ ਟਰਾਲੀਆਂ ਨੂੰ ਵੀ ਪੂਰੀ ਤਰ੍ਹਾਂ ਢਕਿਆ ਜਾਵੇ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਬਰਨਾਲਾ ਜ਼ਿਲ੍ਹੇ ਵਿੱਚ ਝੋਨੇ ਹੇਠੋਂ ਰਕਬਾ ਘਟਾ ਕੇ ਨਰਮੇ/ਕਪਾਹ ਹੇਠ ਲਿਆਂਦਾ ਜਾਵੇਗਾ: ਡਾ. ਬਲਦੇਵ ਸਿੰਘ

* ਮੁੱਖ ਖੇਤੀਬਾੜੀ ਅਫਸਰ ਵੱਲੋਂ ਖੇਤਾਂ ਦਾ ਦੌਰਾ

ਬਰਨਾਲਾ, 23 ਅਪਰੈਲ

ਮੁੱਖ ਖੇਤੀਬਾੜੀ ਅਫਸਰ ਬਰਨਾਲਾ ਡਾ. ਬਲਦੇਵ ਸਿੰਘ ਨੇ ਪਿੰਡ ਮਹਿਤਾ ਵਿਚ ਕਿਸਾਨ ਨਿੱਕਾ ਸਿੰਘ ਦੇ ਖੇਤ ਦਾ ਦੌਰਾ ਕੀਤਾ, ਜਿੱਥੇ ਕਿਸਾਨ ਨੇ ਨਰਮੇ ਦੀ ਫਸਲ ਦੀ ਬਿਜਾਈ ਕੀਤੀ। ਕਿਸਾਨ ਨੇ ਦੱਸਿਆ ਕਿ 9 ਅਪ੍ਰੈਲ ਨੂੰ ਫਸਲ ਦੀ ਬਿਜਾਈ ਕੀਤੀ ਗਈ ਸੀ, ਫਸਲ ਦੀ ਹਾਲਤ ਬਹੁਤ ਵਧੀਆ ਹੈ।

ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਬਰਨਾਲਾ ਨੇ ਦੱਸਿਆ ਕਿ ਅਸੀਂ ਕਰੋਨਾ ਵਾਇਰਸ ਤੋਂ ਇਲਾਵਾ ਇੱਕ ਹੋਰ ਵੱਡੀ ਸਮੱਸਿਆ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਮਿਆਰ ਨਾਲ ਘਿਰੇ ਹੋਏ ਹਾਂ, ਇਸ ਲਈ ਜ਼ਿਲੇ ਵਿਚ ਕਿਸਾਨਾਂ ਨੂੰ ਝੋਨੇ ਥੱਲੋਂ ਰਕਬਾ ਘਟਾ ਕੇ ਘੱਟ ਪਾਣੀ ਲੈਣ ਵਾਲੀਆਂ ਫਸਲਾਂ ਬੀਜਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਬਹੁਤ ਸਾਰੇ ਕਿਸਾਨ ਨਰਮੇ ਦੀ ਫਸਲ ਬੀਜਣ ਲਈ ਤਿਆਰ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਸਰਕਾਰ ਦੁਆਰਾ ਪ੍ਰਮਾਣਿਤ ਬੀ ਟੀ ਕਾਟਨ ਦੇ ਬੀਜ ਹੀ ਲੈਣ, ਬੀਜ ਲੈਣ ਤੋਂ ਬਾਅਦ ਪੱਕਾ ਬਿੱਲ ਜ਼ਰੂਰ ਲੈਣ ਅਤੇ ਬਿੱਲ ਨੂੰ ਸੰਭਾਲ ਕੇ ਰੱਖਣ । ਜੇਕਰ ਕਿਸੇ ਕਿਸਾਨ ਨੇ ਇਸ ਸਬੰਧੀ ਜਾਣਕਾਰੀ ਲੈਣੀ ਹੋਵੇ ਤਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਰਾਬਤਾ ਕਾਇਮ ਕਰਨ ਅਤੇ ਫਸਲੀ ਵਿਭਿੰਨਤਾ ਅਪਣਾਉਦਿਆਂ ਨਰਮੇ ਦੀ ਫਸਲ ਬੀਜ ਕੇ ਡਿੱਗਦੇ ਪਾਣੀ ਦੇ ਪੱਧਰ ਨੂੰ ਸੰਭਾਲਣ ਦਾ ਉਪਰਾਲਾ ਕਰੀਏ।